ਨੰ : ਸੀ.ਸਹਾਇਕ (ਅਮਲਾ)/ਆਰ.ਟੀ.ਆਈ.ਅਪੀਲ/ਸੰ:ਰ:ਜ:/.263... ਮਿਤੀ : ..30/6/17
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

3845

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

**ਯਾਦ ਪੱਤਰ :**

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਗੁਰਸ਼ਰਨ ਸਿੰਘ ਪੁੱਤਰ ਸ੍ਰੀ ਬਾਜ ਸਿੰਘ, ਗੁਰੂ ਅਮਰਦਾਸ ਐਵੀਨਿਊ, ਨਜ਼ਦੀਕ ਮਾਤਾ ਕੌਲਾਂ ਦੇਵੀ ਮੰਦਿਰ, ਗਲੀ ਨੰ : 01, ਤਰਨ ਤਾਰਨ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖ਼ਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 31.05.2017 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ.ਟੀ.ਆਈ.ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ.ਵਿ ਪੱ.ਨੰ: 51/8/2014/2 ਆਰ.ਟੀ.ਆਈ.ਐਨ.ਸੀ./ 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ.ਟੀ.ਆਈ./ 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਗੁਰਸ਼ਰਨ ਸਿੰਘ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 31.05.2017 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।
ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਦਫਤਰ:- ਰਜਿਸਟਰਾਰ, ਸਹਿਕਾਰੀ ਸਭਾਵਾਂ
ਪੰਜਾਬ, ਚੰਡੀਗੜ
ਡਾਇਰੀ ਨੰ ...572...
ਮਿਤੀ.....20/7/17

ਨੰ: ਸੀ.ਸਹਾਇਕ (ਅਪੀਲ), ਸੰ:ਰ:ਜ:/ ............... ਮਿਤੀ : ...............

ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ

ਵੱਲ,

ਸ੍ਰੀ ਗੁਰਦਰਸ਼ਨ ਸਿੰਘ ਪੁੱਤਰ ਸ੍ਰੀ ਬਾਜ ਸਿੰਘ,
ਗੁਰੂ ਅਮਰਦਾਸ ਐਵੀਨਿਊ,
ਨਜ਼ਦੀਕ ਮਾਤਾ ਕੌਲਾਂ ਦੇਵੀ ਮੰਦਿਰ, ਗਲੀ ਨੰ : 01,
ਤਰਨਤਾਰਨ।

ਵਿਸ਼ਾ :- ਆਰ.ਟੀ.ਆਈ.ਐਕਟ-2005 ਅਧੀਨ ਸੂਚਨਾ ਨਾ ਦੇਣ ਬਾਰੇ ਅਪੀਲ ਸਬੰਧੀ।

<u>ਹੁਕਮ :</u>

ਮਿਸਲ ਸੁਣਵਾਈ ਲਈ ਪੇਸ਼ ਹੋਈ, ਜਿਸ ਅਨੁਸਾਰ ਅਪੀਲਕਰਤਾ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਦਰਖਾਸਤ ਮਿਤੀ : 23.02.2017 ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਪਾਸੋਂ ਸੂਚਨਾ ਲੈਣ ਲਈ ਅਪਲਾਈ ਕੀਤਾ ਗਿਆ ਸੀ। ਅਪੀਲਕਰਤਾ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 23.02.2017 ਦੇ ਲੜੀ ਨੰ : 02 ਅਤੇ 06 ਨਾਲ ਸਬੰਧਤ ਸੂਚਨਾ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਦਫਤਰ ਪਾਸੋਂ ਉਸਨੂੰ ਪ੍ਰਾਪਤ ਨਾ ਹੋਣ ਕਾਰਨ ਦਰਖਾਸਤ ਮਿਤੀ : 28.04.2017 ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਨੂੰ ਰੀਮਾਂਈਡਰ ਪੱਤਰ ਲਿਖਦੇ ਹੋਏ ਦਰਖਾਸਤ ਮਿਤੀ : 23.02.2017 ਦੇ ਲੜੀ ਨੰ : 02 ਅਤੇ 06 ਨਾਲ ਸਬੰਧਤ ਬਕਾਇਆ ਰਹਿੰਦੀ ਸੂਚਨਾ ਮੁਹੱਈਆ ਕਰਵਾਉਣ ਲਈ ਬੇਨਤੀ ਕੀਤੀ ਗਈ ਅਤੇ ਇਸ ਦਰਖਾਸਤ ਦੀ ਇੱਕ ਕਾਪੀ ਆਰ.ਟੀ.ਆਈ.ਐਕਟ - 2005 ਦੇ ਸੈਕਸ਼ਨ 19 (1) ਤਹਿਤ ਇਸ ਦਫਤਰ ਨੂੰ ਭੇਜਦੇ ਹੋਏ ਇਸ ਦਰਖਾਸਤ ਨੂੰ ਅਪੀਲ ਮੰਨਦੇ ਹੋਏ ਉਸ ਵਲੋਂ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਕਰਾਉਣ ਲਈ ਬੇਨਤੀ ਕੀਤੀ ਗਈ।

ਇਸ ਅਪੀਲ ਦੀ ਸੁਣਵਾਈ ਹਿੱਤ ਦੋਹਾਂ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ। ਉਪ-ਰਜਿਸਟਰਾਰ

......2......

(ਪਬਲਿਕ ਇਨਫਰ ਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਨੂੰ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸਨੂੰ ਮਿਤੀ : 31.05.2017 ਤੱਕ ਮੁਹੱਈਆ ਕਰਵਾ ਕੇ ਇਸ ਨਾਲ ਸਬੰਧਤ ਰੀਕਾਰਡ ਸੁਣਵਾਈ ਦੌਰਾਨ ਪੇਸ਼ ਕਰਵਾਉਣ ਲਈ ਹਦਾਇਤ ਕੀਤੀ ਗਈ।

ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਵਲੋਂ ਆਪਣੇ ਦਫਤਰ ਦੇ ਪੱਤਰ ਨੰ : ਸੁਪਰਡੈਂਟ/ ਡੀ.ਆਰ.ਅੰਮ੍ਰਿਤਸਰ/ 1496, ਮਿਤੀ : 30.05.2017 ਰਾਹੀਂ ਇਸ ਦਫਤਰ ਨੂੰ ਰਿਪੋਰਟ ਕੀਤੀ ਗਈ ਕਿ ਪ੍ਰਾਰਥੀ ਵਲੋਂ ਆਰ.ਟੀ.ਆਈ.ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 23.02.2017 ਅਨੁਸਾਰ ਮੰਗੀ ਗਈ ਮੁਕੰਮਲ ਸੂਚਨਾ ਉਨ੍ਹਾਂ ਦੇ ਦਫਤਰ ਦੇ ਪੱਤਰ ਨੰ : ਸੁਪਰਡੈਂਟ/ ਡੀ.ਆਰ.ਅੰਮ੍ਰਿਤਸਰ/ 1459, ਮਿਤੀ : 25.05.2017 ਰਾਹੀਂ ਪ੍ਰਾਰਥੀ ਨੂੰ ਮੁਹੱਈਆ ਕਰਵਾ ਦਿੱਤੀ ਗਈ ਹੈ। ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ ਅੰਮ੍ਰਿਤਸਰ ਵਲੋਂ ਪ੍ਰਾਰਥੀ ਵਲੋਂ ਸੂਚਨਾ ਵਸੂਲ ਕਰਨ ਅਤੇ ਕੋਈ ਵੀ ਸੂਚਨਾ ਬਕਾਇਆ ਨਾ ਹੋਣ ਸਬੰਧੀ ਪ੍ਰਾਰਥੀ ਵਲੋਂ ਆਪਣੇ ਹਸਤਾਖਰਾਂ ਸਹਿਤ ਦਿੱਤੀ ਗਈ ਰਸੀਦ ਇਸ ਦਫਤਰ ਨੂੰ ਭੇਜੀ ਗਈ ਹੈ।

ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਵਲੋਂ ਕੀਤੀ ਗਈ ਰਿਪੋਰਟ ਅਤੇ ਪ੍ਰਾਰਥੀ ਵਲੋਂ ਸੂਚਨਾ ਪ੍ਰਾਪਤ ਕਰਨ ਸਬੰਧੀ ਇਸ ਦਫਤਰ ਨੂੰ ਭੇਜੀ ਗਈ ਰਸੀਦ ਤੋਂ ਇਹ ਸਾਬਤ ਹੁੰਦਾ ਹੈ ਕਿ ਪ੍ਰਾਰਥੀ ਵਲੋਂ ਮੰਗੀ ਗਈ ਮੁਕੰਮਲ ਸੂਚਨਾ ਉਸਨੂੰ ਪ੍ਰਾਪਤ ਹੋ ਚੁੱਕੀ ਹੈ।

ਉਪਰੋਕਤ ਨੂੰ ਮੁੱਖ ਰੱਖਦੇ ਹੋਏ ਅਪੀਲ ਦਾਖਲ ਦਫਤਰ ਕੀਤੀ ਜਾਂਦੀ ਹੈ।

ਮਿਤੀ : 31.05.2017.

(ਦਰਸ਼ਨ ਸਿੰਘ)
ਸੰਯੁਕਤ ਰਜਿਸਟਰਾਰ,
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।